ਰਾਗੁ ਮਾਲੀ ਗਉੜਾ ਮਹਲਾ ੪ ੧ੴ ਸਤਿ ਨਾਮੁ ਕਰਤਾ ਪੁਰਖੁ ਨਿਰਭਉ ਨਿਰਵੈਰੁ ਅਕਾਲ ਮੂਰਤਿ ਅਜੂਨੀ ਸੈਭੰ ਗੁਰ ਪ੍ਰਸਾਦਿ ॥ ਅਨਿਕ ਜਤਨ ਕਰਿ ਰਹੇ ਹਰਿ ਅੰਤੁ ਨਾਹੀ ਪਾਇਆ ॥ ਹਰਿ ਅਗਮ ਅਗਮ ਅਗਾਧਿ ਬੋਧਿ ਆਦੇਸੁ ਹਰਿ ਪ੍ਰਭ ਰਾਇਆ ॥੧॥ ਰਹਾਉ ॥ ਕਾਮੁ ਕ੍ਰੋਧੁ ਲੋਭੁ ਮੋਹੁ ਨਿਤ ਝਗਰਤੇ ਝਗਰਾਇਆ ॥ ਹਮ ਰਾਖੁ ਰਾਖੁ ਦੀਨ ਤੇਰੇ ਹਰਿ ਸਰਨਿ ਹਰਿ ਪ੍ਰਭ ਆਇਆ ॥੧॥ ਸਰਣਾਗਤੀ ਪ੍ਰਭ ਪਾਲਤੇ ਹਰਿ ਭਗਤਿ ਵਛਲੁ ਨਾਇਆ ॥ ਪ੍ਰਿਹਿਲਾਦੁ ਜਨੁ ਹਰਨਾਖਿ ਪਕਰਿਆ ਹਰਿ ਰਾਖਿ ਲੀਓ ਤਰਾਇਆ ॥੨॥ ਹਰਿ ਚੇਤਿ ਰੇ ਮਨ ਮਹਲੁ ਪਾਵਣ ਸਭ ਦੂਖ ਭੰਜਨੁ ਰਾਇਆ ॥ ਭਉ ਜਨਮ ਮਰਨ ਨਿਵਾਰਿ ਠਾਕੁਰ ਹਰਿ ਗੁਰਮਤੀ ਪ੍ਰਭੁ ਪਾਇਆ ॥੩॥ ਹਰਿ ਪਤਿਤ ਪਾਵਨ ਨਾਮੁ ਸੁਆਮੀ ਭਉ ਭਗਤ ਭੰਜਨੁ ਗਾਇਆ ॥ ਹਰਿ ਹਾਰੁ ਹਰਿ ਉਰਿ ਧਾਰਿਓ ਜਨ ਨਾਨਕ ਨਾਮਿ ਸਮਾਇਆ ॥੪॥੧॥ {ਪੰਨਾ 984}

ਪਦਅਰਥ:- ਕਰਿ ਰਹੇ—ਕਰਕੇ ਥੱਕ ਗਏ। ਅਗਮ—ਅਪਹੁੰਚ। ਅਗਾਧਿ ਬੋਧਿ—ਉਹ ਜਿਸ ਦੀ ਹਸਤੀ ਬਾਰੇ ਬੋਧ ਅਥਾਹ ਹੈ। ਆਦੇਸੁ—ਨਮਸਕਾਰ। ਪ੍ਰਭ ਰਾਇਆ—ਹੇ ਪ੍ਰਭੂ ਪਾਤਿਸ਼ਾਹ!।1। ਰਹਾਉ।

ਝਗਰਤੇ—(ਜੀਵ) ਝਗੜਦੇ ਰਹਿੰਦੇ ਹਨ। ਝਗਰਾਇਆ—ਕਾਮਾਦਿਕ ਵਿਕਾਰਾਂ ਦੇ ਝਗੜਾਏ ਹੋਏ, ਝਗੜਿਆਂ ਵਿਚ ਪਾਏ ਹੋਏ। ਹਮ—ਅਸਾਂ ਜੀਵਾਂ ਨੂੰ। ਦੀਨ—ਮੰਗਤੇ।1।

ਸਰਣਾਗਤੀ—ਸਰਣ ਆਏ ਹੋਇਆਂ ਨੂੰ। ਪ੍ਰਭ—ਹੇ ਪ੍ਰਭੂ! ਭਗਤਿ ਵਛਲੁ—ਭਗਤੀ ਨਾਲ ਪਿਆਰ ਕਰਨ ਵਾਲਾ। ਨਾਇਆ—(ਤੇਰਾ) ਨਾਮ। ਜਨੁ—(ਤੇਰਾ) ਸੇਵਕ। ਹਰਨਾਖਿ—ਹਰਨਾਖਸ਼ ਨੇ। ਹਰਿ—ਹੇ ਹਰੀ!।2।

ਚੇਤਿ—ਸਿਮਰ। ਮਹਲੁ—(ਪ੍ਰਭੂ ਦੇ ਚਰਨਾਂ ਵਿਚ) ਟਿਕਾਣਾ। ਪਾਵਣ—ਪ੍ਰਾਪਤ ਕਰਨ ਲਈ। ਨਿਵਾਰਿ—ਦੂਰ ਕਰ। ਠਾਕੁਰ—ਹੇ ਠਾਕੁਰ! ਗੁਰਮਤੀ—ਗੁਰੂ ਦੀ ਮਤਿ ਤੇ ਤੁਰਿਆਂ।3।

ਪਵਿਤ ਪਾਵਨ—ਵਿਕਾਰਾਂ ਵਿਚ ਡਿੱਗੇ ਹੋਇਆਂ ਨੂੰ ਪਵਿੱਤਰ ਕਰਨ ਵਾਲਾ। ਭਉ ਭੰਜਨੁ—ਹਰੇਕ ਡਰ ਨਾਸ ਕਰਨ ਵਾਲਾ। ਉਰਿ—ਹਿਰਦੇ ਵਿਚ। ਧਾਰਿਓ—ਵਸਾਇਆ। ਨਾਮਿ—ਨਾਮ ਵਿਚ।4।

ਅਰਥ:- ਹੇ ਪ੍ਰਭੂ ਪਾਤਿਸ਼ਾਹ! (ਤੇਰੇ ਗੁਣਾਂ ਦਾ ਅੰਤ ਲੱਭਣ ਵਾਸਤੇ ਬੇਅੰਤ ਜੀਵ) ਅਨੇਕਾਂ ਜਤਨ ਕਰ ਕਰ ਕੇ ਥੱਕ ਗਏ ਹਨ, ਕਿਸੇ ਨੇ ਤੇਰਾ ਅੰਤ ਨਹੀਂ ਲੱਭਾ। ਹੇ ਹਰੀ! ਤੂੰ ਅਪਹੁੰਚ ਹੈਂ, ਤੂੰ ਅਪਹੁੰਚ ਹੈਂ, ਤੂੰ ਅਥਾਹ ਹੈਂ, ਤੈਨੂੰ ਕੋਈ ਨਹੀਂ ਸਮਝ ਸਕਦਾ, ਮੇਰੀ ਤੈਨੂੰ ਹੀ ਨਮਸਕਾਰ ਹੈ।1। ਰਹਾਉ।

ਹੇ ਪ੍ਰਭੂ! ਕਾਮ ਕ੍ਰੋਧ ਲੋਭ ਮੋਹ (ਆਦਿਕ ਵਿਕਾਰ ਇਤਨੇ ਬਲੀ ਹਨ ਕਿ ਜੀਵ ਇਹਨਾਂ ਦੇ) ਉਕਸਾਏ ਹੋਏ ਸਦਾ ਦੁਨੀਆ ਦੇ ਝਗੜਿਆਂ ਵਿਚ ਹੀ ਪਏ ਰਹਿੰਦੇ ਹਨ। ਹੇ ਪ੍ਰਭੂ! ਅਸੀਂ ਜੀਵ ਤੇਰੇ ਦਰ ਦੇ ਮੰਗਤੇ ਹਾਂ, ਸਾਨੂੰ ਇਹਨਾਂ ਤੋਂ ਬਚਾ ਲੈ, ਬਚਾ ਲੈ, ਅਸੀਂ ਤੇਰੀ ਸਰਨ ਆਏ ਹਾਂ।1।

ਹੇ ਪ੍ਰਭੂ! ਤੂੰ ਸਰਨ ਪਿਆਂ ਦੀ ਰੱਖਿਆ ਕਰਨ ਵਾਲਾ ਹੈਂ, ਹੇ ਹਰੀ! 'ਭਗਤੀ ਨਾਲ ਪਿਆਰ ਕਰਨ ਵਾਲਾ'—ਇਹ ਤੇਰਾ (ਪ੍ਰਸਿੱਧ) ਨਾਮ ਹੈ। ਤੇਰੇ ਸੇਵਕ ਪ੍ਰਹਿਲਾਦ ਨੂੰ ਹਰਨਾਖਸ਼ ਨੇ ਫੜ ਲਿਆ, ਹੇ ਹਰੀ! ਤੂੰ ਉਸ ਦੀ ਰੱਖਿਆ ਕੀਤੀ, ਤੂੰ ਉਸ ਨੂੰ ਸੰਕਟ ਤੋਂ ਬਚਾਇਆ।2।

ਹੇ ਮਨ! ਉਸ ਪ੍ਰਭੂ ਦੇ ਚਰਨਾਂ ਵਿਚ ਟਿਕਾਣਾ ਪ੍ਰਾਪਤ ਕਰਨ ਲਈ ਸਦਾ ਉਸ ਨੂੰ ਯਾਦ ਕਰਿਆ ਕਰ, ਉਹ ਪਾਤਿਸ਼ਾਹ ਸਾਰੇ ਦੁੱਖਾਂ ਦਾ ਨਾਸ ਕਰਨ ਵਾਲਾ ਹੈ। ਹੇ ਠਾਕੁਰ! ਹੇ ਹਰੀ! (ਅਸਾਂ ਜੀਵਾਂ ਦਾ) ਜਨਮ ਮਰਨ ਦੇ ਗੇੜ ਦਾ ਡਰ ਦੂਰ ਕਰ। ਹੇ ਭਾਈ! ਗੁਰੂ ਦੀ ਮਤਿ ਤੇ ਤੁਰਿਆਂ ਉਹ ਪ੍ਰਭੂ ਮਿਲਦਾ ਹੈ।3।

ਹੇ ਭਾਈ! ਹੇ ਸੁਆਮੀ! ਤੇਰਾ ਨਾਮ ਵਿਕਾਰੀਆਂ ਨੂੰ ਪਵਿੱਤਰ ਕਰਨ ਵਾਲਾ ਹੈ, ਤੂੰ (ਆਪਣੇ ਭਗਤਾਂ ਦਾ) ਹਰੇਕ ਡਰ

ਦੂਰ ਕਰਨ ਵਾਲਾ ਹੈਂ। ਹੇ ਦਾਸ ਨਾਨਕ! (ਆਖ—) ਜਿਨ੍ਹਾਂ ਭਗਤਾਂ ਨੇ ਉਸ ਦੀ ਸਿਫ਼ਤਿ-ਸਾਲਾਹ ਕੀਤੀ ਹੈ, ਜਿਨ੍ਹਾਂ ਨੇ ਉਸ ਦੇ ਨਾਮ ਦਾ ਹਾਰ ਆਪਣੇ ਹਿਰਦੇ ਵਿਚ ਸਾਂਭਿਆ ਹੈ, ਉਹ ਉਸ ਦੇ ਨਾਮ ਵਿਚ ਹੀ ਸਦਾ ਲੀਨ ਰਹਿੰਦੇ ਹਨ।4।1।